# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 20:30

**ਮਿਤੀ : 06-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਮੰਤਰੀ ਮੰਡਲ ਨੇ ਏਕੀਕ੍ਰਿਤ ਟ੍ਰਾਂਸਪੋਰਟ ਅਤੇ LOGISTICS ਅਥਾਰਟੀ ਦੇ ਗਠਨ ਨੂੰ ਮਨਜ਼ੂਰੀ ਦੇ ਦਿੱਤੀ ਏ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਡਾਕਟਰਾਂ ਨੂੰ ਸੇਵਾ ਅਤੇ ਦਇਆ ਦੀ ਭਾਵਨਾ ਨਾਲ ਕੰਮ ਕਰਨ ਦਾ ਸੱਦਾ ਦਿੱਤਾ ਏ।

- ਸਰਕਾਰ ਨੇ ਏਅਰ ਮਾਰਸ਼ਲ ਆਸ਼ੂਤੋਸ਼ ਦੀਕਸ਼ਿਤ ਨੂੰ ਹਵਾਈ ਫੌਜ ਦਾ ਨਵਾਂ ਮੁਖੀ ਨਿਯੁਕਤ ਕੀਤਾ ਏ।

- ਬੈਲਜੀਅਮ ਵਿੱਚ ਜਨਮੇ ਵਿਗਿਆਨੀ ਫਰਾਂਸਿਸ ਹਾਲਜ਼ੇਨ ਨੂੰ ਭੌਤਿਕ ਵਿਗਿਆਨ ਵਿੱਚ ਨੋਬਲ ਪੁਰਸਕਾਰ ਦੇਣ ਦਾ ਐਲਾਨ ਕੀਤਾ ਗਿਆ ਏ।

- ਭਾਰਤ ਤੇ ਵੈਸਟ ਇੰਡੀਜ਼ ਦਰਮਿਆਨ ਪੰਜ 20-20 ਅੰਤਰਰਾਸ਼ਟਰੀ ਕ੍ਰਿਕੇਟ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਲਖਨਊ 'ਚ ਖੇਡਿਆ ਜਾ ਰਿਹਾ ਏ |

## *ਹੁਣ ਖਬਰਾਂ ਵਿਸਥਾਰ ਨਾਲ*

ਕੇਂਦਰੀ ਮੰਤਰੀ ਮੰਡਲ ਨੇ ਏਕੀਕ੍ਰਿਤ ਟ੍ਰਾਂਸਪੋਰਟ ਅਤੇ ਲੌਜਿਸਟਿਕਸ ਅਥਾਰਟੀ ਦੇ ਗਠਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਕੈਬਨਿਟ ਦੀ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਇਹ ਆਵਾਜਾਈ ਅਤੇ ਲੌਜਿਸਟਿਕਸ ਖੇਤਰ ਵਿੱਚ ਖੋਜ, ਯੋਜਨਾਬੰਦੀ, ਮੁਲਾਂਕਣ ਤੇ ਨਿਗਰਾਨੀ ਨੂੰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਇਹ ਦੇਸ਼ ਵਿੱਚ ਏਕੀਕ੍ਰਿਤ ਟ੍ਰਾਂਸਪੋਰਟ ਅਤੇ ਲੌਜਿਸਟਿਕਸ ਯੋਜਨਾਬੰਦੀ ਲਈ ਚੋਟੀ ਦੀ ਸੰਸਥਾ ਵਜੋਂ ਕੰਮ ਕਰੇਗੀ ।

BYTE

ਏਕੀਕ੍ਰਿਤ ਟ੍ਰਾਂਸਪੋਰਟ ਅਤੇ ਲੌਜਿਸਟਿਕਸ ਅਥਾਰਟੀ ਦਸ ਸਾਲਾਂ ਦੀ ਯੋਜਨਾਬੰਦੀ ਨਾਲ ਇੱਕ ਲੰਬੇ ਸਮੇਂ ਦਾ ਰਾਸ਼ਟਰੀ ਟ੍ਰਾਂਸਪੋਰਟ ਮਾਸਟਰ ਪਲਾਨ ਤਿਆਰ ਕਰੇਗੀ। ਕੇਂਦਰੀ ਕੈਬਨਿਟ ਨੇ ਛੋਟੇ ਅਤੇ ਦਰਮਿਆਨੇ ਉੱਦਮਾਂ ਵਿੱਚ ਇਕੁਇਟੀ ਨਿਵੇਸ਼ ਲਈ 10,000 ਕਰੋੜ ਰੁਪਏ ਦੀ

ਰਕਮ ਨਾਲ ਇੱਕ ਛੋਟੇ ਅਤੇ ਦਰਮਿਆਨੇ ਉੱਦਮ ਵਿਕਾਸ ਫੰਡ ਦੀ ਸਥਾਪਨਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ | ਸ਼੍ਰੀ ਵੈਸ਼ਨਵ ਨੇ ਕਿਹਾ ਕਿ ਇਹ ਫੰਡ ਛੋਟੇ ਅਤੇ ਦਰਮਿਆਨੇ ਆਕਾਰ ਦੇ ਉੱਦਮਾਂ ਨੂੰ ਲੰਬੇ ਸਮੇਂ ਦੀ ਹਿੱਸਾ ਪੂੰਜੀ ਪ੍ਰਦਾਨ ਕਰੇਗਾ | ਉਨ੍ਹਾਂ ਕਿਹਾ ਕਿ ਫੰਡ ਦਾ ਜ਼ਿਆਦਾਤਰ ਹਿੱਸਾ ਨਿਰਮਾਣ ਖੇਤਰ ਵਿੱਚ ਛੋਟੇ ਅਤੇ ਦਰਮਿਆਨੇ ਆਕਾਰ ਦੇ ਉੱਦਮਾਂ ਵਿੱਚ ਨਿਵੇਸ਼ ਕੀਤਾ ਜਾਵੇਗਾ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਹੈ ਕਿ ਮੰਤਰੀਮੰਡਲ ਦਾ ਫੈਸਲਾ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ ਦੇ ਖੇਤਰ ਲਈ ਇੱਕ ਵੱਡਾ ਹੁਲਾਰਾ ਹੈ ਅਤੇ ਭਾਰਤੀ ਉਦਯੋਗ ਲਈ ਅਗਲੀ ਪੀੜ੍ਹੀ ਦੇ ਆਗੂਆਂ ਨੂੰ ਤਿਆਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਫੈਸਲਾ ਛੋਟੇ ਅਤੇ ਦਰਮਿਆਨੇ ਉੱਦਮਾਂ ਦੇ ਵਿਸਥਾਰ ਕਰਨ, ਉੱਨਤ ਤਕਨਾਲੋਜੀ ਅਪਣਾਉਣ, ਉਤਪਾਦਨ ਵਧਾਉਣ ਤੇ ਵਿਸ਼ਵ ਬਾਜ਼ਾਰਾਂ ਤੱਕ ਪਹੁੰਚ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰੇਗਾ।

-----------------------------------------------------------------

ਮੰਤਰੀ ਮੰਡਲ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਸਰਕਾਰ ਦੇ ਮੁਖੀ ਵਜੋਂ 25 ਸਾਲ ਪੂਰੇ ਕਰਨ 'ਤੇ ਵਧਾਈ ਦੇਣ ਵਾਲਾ ਮਤਾ ਪਾਸ ਕੀਤਾ। ਸ਼੍ਰੀ ਮੋਦੀ ਨੇ ਪਹਿਲੀ ਵਾਰ 7 ਅਕਤੂਬਰ, 2001 ਨੂੰ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਅਹੁਦਾ ਸੰਭਾਲਿਆ ਸੀ ਅਤੇ 2014 ਵਿੱਚ ਪ੍ਰਧਾਨ ਮੰਤਰੀ ਬਣੇ ਸਨ। ਕੱਲ੍ਹ, ਉਹ ਸਰਕਾਰ ਦੇ ਮੁਖੀ ਵਜੋਂ 25 ਸਾਲ ਪੂਰੇ

ਕਰਨਗੇ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਦਾ 25 ਸਾਲਾਂ ਦਾ ਕਾਰਜਕਾਲ ਭਾਰਤੀ ਲੋਕਤੰਤਰ ਦੀ ਮਜ਼ਬੂਤੀ ਦਾ ਪ੍ਰਮਾਣ ਹੈ।

BYTE

ਸ੍ਰੀ ਵੈਸ਼ਨਵ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਜਿਹਾ ਇਤਿਹਾਸ ਰਚਿਆ ਹੈ, ਜਿਸਦੀ ਮਿਸਾਲ  ਕਿਸੇ ਵੀ ਲੋਕਤੰਤਰੀ ਦੇਸ਼ ਵਿੱਚ ਘੱਟ ਹੀ ਮਿਲਦੀ ਹੈ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਡਾਕਟਰਾਂ ਨੂੰ ਸੇਵਾ ਅਤੇ ਦਇਆ  ਦੀ ਭਾਵਨਾ ਨਾਲ ਕੰਮ ਕਰਨ ਦਾ ਸੱਦਾ ਦਿੱਤਾ ਹੈ। ਹਿਮਾਚਲ ਪ੍ਰਦੇਸ਼ ਦੇ ਬਿਲਾਸਪੁਰ ਵਿੱਚ ਆਲ ਇੰਡੀਆ ਇੰਸਟੀਚਿਊਟ ਆਫ਼ ਆਯੁਰਵੈਦਿਕ ਸਾਇੰਸਜ਼ (ਏਮਜ਼) ਦੀ ਪਹਿਲੀ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਡਾਕਟਰਾਂ ਨੂੰ ਅਜਿਹਾ ਵਿਵਹਾਰ ਕਰਨਾ ਚਾਹੀਦਾ ਹੈ ਜੋ ਸੰਸਥਾ ਦੀ ਸਾਖ ਨੂੰ ਵਧਾਏ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਦੀ ਮਿਸਾਲ 'ਤੇ ਚੱਲਣ ਲਈ ਪ੍ਰੇਰਿਤ ਕਰੇ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਦੀਆਂ  ਮੁਸ਼ਕਲ ਭੂਗੋਲਿਕ ਸਥਿਤੀਆਂ ਨੂੰ ਦੇਖਦੇ ਹੋਏ, ਰਾਜ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਮਿਆਰੀ ਸਿਹਤ ਸੰਭਾਲ ਸਹੂਲਤਾਂ ਪ੍ਰਦਾਨ ਕਰਨਾ ਇੱਕ ਬਹੁਪੱਖੀ ਚੁਣੌਤੀ ਹੈ। ਹਾਲਾਂਕਿ, ਉਨ੍ਹਾਂ ਕਿਹਾ ਕਿ ਇਸ ਚੁਣੌਤੀ ਨੂੰ ਡਾਕਟਰਾਂ ਦੇ ਯਤਨਾਂ ਅਤੇ ਪੱਕਾ  ਇਰਾਦੇ ਨਾਲ ਹੱਲ ਕੀਤਾ ਜਾ ਸਕਦਾ ਹੈ। ਰਾਸ਼ਟਰਪਤੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ  ਸ਼ੁਰੂ ਕੀਤੀ ਗਈ

ਆਯੁਸ਼ਮਾਨ ਯੋਜਨਾ ਮਰੀਜ਼ਾਂ ਲਈ ਲਾਭਦਾਇਕ ਸਾਬਤ ਹੋ ਰਹੀ ਹੈ। ਇਸ ਤੋਂ ਪਹਿਲਾਂ, ਰਾਸ਼ਟਰਪਤੀ ਨੇ ਸੰਸਥਾ ਦੇ ਹੋਣਹਾਰ ਵਿਦਿਆਰਥੀਆਂ ਨੂੰ ਤਮਗੇ ਅਤੇ ਡਿਗਰੀਆਂ ਪ੍ਰਦਾਨ ਕੀਤੀਆਂ।

---------------------------------------------------------------

ਸਰਕਾਰ ਨੇ ਏਅਰ ਮਾਰਸ਼ਲ ਆਸ਼ੂਤੋਸ਼ ਦੀਕਸ਼ਿਤ ਨੂੰ ਹਵਾਈ ਫੌਜ ਦਾ ਨਵਾਂ ਮੁਖੀ ਨਿਯੁਕਤ ਕੀਤਾ ਹੈ। ਸ਼੍ਰੀ ਦੀਕਸ਼ਿਤ 31 ਅਕਤੂਬਰ ਨੂੰ ਅਹੁਦਾ ਸੰਭਾਲਣਗੇ। ਉਹ ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ ਦੀ ਥਾਂ ਲੈਣਗੇ। ਏਅਰ ਮਾਰਸ਼ਲ ਆਸ਼ੂਤੋਸ਼ ਦੀਕਸ਼ਿਤ ਨੇ ਹਵਾਈ ਫੌਜ ਵਿੱਚ ਕਈ ਮਹੱਤਵਪੂਰਨ ਸੰਚਾਲਨ ਅਤੇ ਰਣਨੀਤਕ ਅਹੁਦਿਆਂ 'ਤੇ ਕੰਮ ਕੀਤਾ ਹੈ, ਜਿਸ ਵਿੱਚ ਹੈੱਡਕੁਆਰਟਰ ਇੰਟੀਗ੍ਰੇਟਿਡ ਡਿਫੈਂਸ ਸਟਾਫ ਵਿਖੇ ਸੀਆਈਐਸਸੀ ਅਤੇ ਸੈਂਟਰਲ ਏਅਰ ਕਮਾਂਡ ਦੇ ਏਅਰ ਅਫਸਰ ਕਮਾਂਡਿੰਗ-ਇਨ-ਚੀਫ਼ ਵਰਗੇ ਅਹੁਦੇ ਸ਼ਾਮਿਲ ਨੇ । ਰੱਖਿਆ ਮੰਤਰਾਲੇ ਅਨੁਸਾਰ, ਏਅਰ ਮਾਰਸ਼ਲ ਦੀਕਸ਼ਿਤ ਇੱਕ EXPERIMENTAL ਟੈਸਟ ਪਾਇਲਟ ਅਤੇ ਇੱਕ ਯੋਗ ਫਲਾਇੰਗ ਇੰਸਟ੍ਰਕਟਰ ਨੇ । ਉਨ੍ਹਾਂ ਕੋਲ 3,500 ਘੰਟਿਆਂ ਤੋਂ ਵੱਧਦਾ ਉਡਾਣ ਤਜਰਬਾ ਏ ।

---------------------------------------------------------------

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਅੱਜ ਕਾਂਗਰਸ ਪਾਰਟੀ ਅਤੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਹ ਵਾਰ-ਵਾਰ ਚੋਣ ਕਮਿਸ਼ਨ ਅਤੇ ਹੋਰ ਸੰਵਿਧਾਨਕ ਸੰਸਥਾਵਾਂ ਨੂੰ ਨਿਸ਼ਾਨਾ ਬਣਾ ਰਹੇ ਨੇ । ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਰਿਜਿਜੂ ਨੇ ਕਿਹਾ ਕਿ

ਸਿਆਸੀ  ਪਾਰਟੀਆਂ ਨੂੰ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ ਅਤੇ ਚੋਣ ਫਤਵੇ ਨੂੰ ਸਵੀਕਾਰ ਕਰਨਾ ਚਾਹੀਦੈ ਹੈ। ਉਨ੍ਹਾਂ ਕਾਂਗਰਸ ਪਾਰਟੀ 'ਤੇ ਇਲਜ਼ਾਮ  ਲਗਾਇਆ ਕਿ ਜਦੋਂ ਉਨ੍ਹਾਂ ਨੂੰ ਜਨਤਕ ਸਮਰਥਨ ਨਹੀਂ ਮਿਲਦਾ ਤਾਂ  ਉਹ ਸੰਵਿਧਾਨਕ ਸੰਸਥਾਵਾਂ 'ਤੇ ਸਵਾਲ ਉਠਾਉਂਦੇ ਨੇ ।

BYTE

ਸ੍ਰੀ ਰਿਜਿਜੂ ਨੇ ਕਿਹਾ ਕਿ ਸੰਵਿਧਾਨਕ ਸੰਸਥਾਵਾਂ ਨੂੰ ਨਿਸ਼ਾਨਾ ਬਣਾਉਣਾ ਨਾ ਤਾਂ ਦੇਸ਼ ਦੇ ਹਿੱਤ ਵਿੱਚ ਹੈ ਅਤੇ ਨਾ ਹੀ ਕਾਂਗਰਸ ਪਾਰਟੀ ਦੇ ਹਿੱਤ ਵਿੱਚ ਹੈ।

---------------------------------------------------------

ਰੱਖਿਆ ਖੋਜ ਅਤੇ ਵਿਕਾਸ ਸੰਗਠਨ (DRDO) ਨੇ ਅੱਜ ਇੱਕ ਸਵਦੇਸ਼ੀ HIGH ALTITUDE ਵਾਲੇ ਪਲੇਟਫਾਰਮ ਦਾ ਸਫਲਤਾਪੂਰਵਕ ਉਡਾਣ-ਪ੍ਰੀਖਣ ਕੀਤਾ। ਰੱਖਿਆ ਮੰਤਰਾਲੇ ਨੇ ਕਿਹਾ ਕਿ ਇਹ ਪਰਖ  ਹਵਾਈ ਫੌਜ , ਮਿਲਟਰੀ ਏਅਰਵਰਥੀਨੈੱਸ ਐਂਡ ਸਰਟੀਫਿਕੇਸ਼ਨ ਸੈਂਟਰ, CIVIL ਹਵਾਬਾਜ਼ੀ DIRECTORATE ਜੇਨਰਲ , ਏਅਰਪੋਰਟ ਅਥਾਰਟੀ ਆਫ਼ ਇੰਡੀਆ ਅਤੇ ਹੋਰ ਸਿਵਲ ਅਧਿਕਾਰੀਆਂ ਦੇ ਸਹਿਯੋਗ ਨਾਲ ਕੀਤਾ ਗਿਆ ਸੀ। ਮੰਤਰਾਲੇ ਨੇ ਕਿਹਾ ਕਿ ਸਮੁੰਦਰੀ ਸਤਹ  ਤੋਂ 21 ਕਿਲੋਮੀਟਰ ਦੀ ਉਚਾਈ 'ਤੇ ਪਹੁੰਚਣ ਤੋਂ ਬਾਅਦ, ਉਡਾਣ ਨੇ 30 ਮਿੰਟਾਂ ਤੋਂ ਵੱਧ ਸਮੇਂ ਲਈ 20 ਕਿਲੋਮੀਟਰ ਦੀ ਉਚਾਈ ਬਣਾਈ ਰੱਖੀ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸਫਲ ਪ੍ਰੀਖਣ 'ਤੇ ਟੀਮ ਨੂੰ ਵਧਾਈ ਦਿੱਤੀ। ਸ੍ਰੀ ਸਿੰਘ ਨੇ ਕਿਹਾ ਕਿ ਇਹ ਆਤਮਨਿਰਭਰ ਭਾਰਤ ਦੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ |

-----------------------------------------------------------

ਬੈਲਜੀਅਮ ਵਿੱਚ ਜਨਮੇ ਵਿਗਿਆਨੀ ਫਰਾਂਸਿਸ ਹਾਲਜ਼ੇਨ ਨੂੰ ਆਈਸਕਿਊਬ ਨਿਊਟ੍ਰੀਨੋ ਆਬਜ਼ਰਵੇਟਰੀ ਵਿੱਚ ਯੋਗਦਾਨ ਅਤੇ ਖਗੋਲੀ ਸਰੋਤਾਂ ਤੋਂ ਆਉਣ ਵਾਲੇ ਉੱਚ-ਊਰਜਾ ਵਾਲੇ ਨਿਊਟ੍ਰੀਨੋ ਦੀ ਖੋਜ ਲਈ ਭੌਤਿਕ ਵਿਗਿਆਨ ਵਿੱਚ ਨੋਬਲ ਪੁਰਸਕਾਰ ਦੇਣ ਦਾ ਐਲਾਨ ਕੀਤਾ ਗਿਆ ਹੈ। 82 ਸਾਲਾ ਫਰਾਂਸਿਸ ਹਾਲਜ਼ਨ ਨੇ ਅੰਤਰਰਾਸ਼ਟਰੀ ਵਿਗਿਆਨੀਆਂ ਦੀ ਇੱਕ ਟੀਮ ਦੀ ਅਗਵਾਈ ਕੀਤੀ ਜਿਸਨੇ ਦੱਖਣੀ ਧਰੁਵ 'ਤੇ ਆਈਸਕਿਊਬ ਨਾਮਕ ਨਿਊਟ੍ਰੀਨੋ ਡਿਟੈਕਟਰ ਵਿਕਸਤ ਕੀਤਾ। ਇਹ ਬ੍ਰਹਿਮੰਡ ਦੇ ਅਧਿਐਨ ਵਿੱਚ ਮਦਦ ਕਰੇਗਾ। ਨਿਊਟ੍ਰੀਨੋ ਬਹੁਤ ਛੋਟੇ ਅਤੇ ਲਗਭਗ ਭਾਰ ਰਹਿਤ ਕਣ ਨੇ , ਜੋ ਤਾਰਿਆਂ ਅਤੇ ਪੁਲਾੜ ਵਿੱਚ ਹੋਣ ਵਾਲੀਆਂ ਹੋਰ ਘਟਨਾਵਾਂ ਤੋਂ ਪੈਦਾ ਹੁੰਦੇ ਨੇ ।ਰੋਆਲ ਸਵੀਡਿਸ਼ ਅਕੈਡਮੀ ਆਫ਼ ਸਾਇੰਸਜ਼ ਨੇ ਸਟਾਕਹੋਮ ਵਿੱਚ ਪੁਰਸਕਾਰ ਦਾ ਐਲਾਨ ਕੀਤਾ। ਇਸ ਪੁਰਸਕਾਰ ਤਹਿਤ, 12 ਮਿਲੀਅਨ ਸਵੀਡਿਸ਼ ਕ੍ਰੋਨਰ, ਯਾਨਿ ਲਗਭਗ 12 ਲੱਖ ਅਮਰੀਕੀ ਡਾਲਰ ਦੀ ਰਕਮ ਦਿੱਤੀ ਜਾਂਦੀ ਹੈ।

-----------------------------------------------------------

ਹਰਿਆਣਾ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਆਮਦ ਲਗਾਤਾਰ ਜਾਰੀ ਹੈ। 5 ਅਕਤੂਬਰ ਤੱਕ, ਲਗਭਗ 7 ਲੱਖ 35 ਹਜ਼ਾਰ ਮੀਟ੍ਰਿਕ ਟਨ ਝੋਨਾ ਮੰਡੀਆਂ ਵਿੱਚ ਪਹੁੰਚ ਚੁੱਕਾ ਸੀ। ਇੱਕ ਸਰਕਾਰੀ ਬੁਲਾਰੇ ਅਨੁਸਾਰ, ਖਰੀਦ ਏਜੰਸੀਆਂ ਨੇ ਹੁਣ ਤੱਕ 2 ਲੱਖ 57 ਹਜ਼ਾਰ ਮੀਟ੍ਰਿਕ

ਟਨ ਝੋਨਾ ਖਰੀਦਿਆ ਗਿਆ ਹੈ। ਖਰੀਦੇ ਗਏ ਝੋਨੇ ਵਿਚੋਂ 27 ਹਜ਼ਾਰ 496 ਮੀਟ੍ਰਿਕ ਟਨ ਦੀ ਪਹਿਲਾ ਹੀ ਚੁਕਾਈ ਕਰ ਲਈ ਗਈ ਏ | ਕੇਂਦਰ ਸਰਕਾਰ ਨੇ ਇਸ ਸਾਲ ਹਰਿਆਣਾ ਤੋਂ 58 ਲੱਖ ਮੀਟ੍ਰਿਕ ਟਨ ਝੋਨਾ ਖਰੀਦਣ ਦਾ ਟੀਚਾ ਰੱਖਿਐ ਏ।

---------------------------------------------------

ਭਾਰਤ ਤੇ ਵੈਸਟ ਇੰਡੀਜ਼ ਦਰਮਿਆਨ ਪੰਜ 20-20 ਅੰਤਰਰਾਸ਼ਟਰੀ ਕ੍ਰਿਕੇਟ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਲਖਨਊ 'ਚ ਖੇਡਿਆ ਜਾ ਰਿਹਾ ਏ | ਤਾਜ਼ਾ ਖਬਰਾਂ ਮਿਲਣ ਸਮੇਂ ਤੱਕ ਵੈਸਟ ਇੰਡੀਜ਼ ਨੇ 18 ਓਵਰਾਂ ਵਿੱਚ 8 ਵਿਕਟਾਂ ਪਿੱਛੇ 172 ਦੌੜਾਂ ਬਣਾ ਲਈਆਂ ਨੇ | ਪਹਿਲਾ ਭਾਰਤ ਨੇ ਟਾਸ ਜਿੱਤ ਕੇ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ |

---------------------------------------------------

ਰੱਖਿਆ ਮੰਤਰਾਲੇ ਨੇ ਭਾਰਤੀ ਸਮੁੰਦਰੀ ਫੌਜ ਦੇ ਜਹਾਜ਼ਾਂ ਲਈ ਬ੍ਰਹਮੋਸ ਫਾਇਰ ਕੰਟਰੋਲ ਸਿਸਟਮ ਅਤੇ ਲਾਂਚਰਾਂ ਦੀ ਖਰੀਦ ਲਈ ਬ੍ਰਹਮੋਸ ਏਰੋਸਪੇਸ ਪ੍ਰਾਈਵੇਟ ਲਿਮਟਿਡ ਨਾਲ 660 ਕਰੋੜ ਰੁਪਏ ਤੋਂ ਵੱਧ ਦੇ ਇਕਰਾਰਨਾਮੇ 'ਤੇ ਦਸਤਖ਼ਤ ਕੀਤੇ ਨੇ |

---------------------------------------------------

- ਕੇਂਦਰੀ ਮੰਤਰੀ ਮੰਡਲ ਨੇ ਏਕੀਕ੍ਰਿਤ ਟ੍ਰਾਂਸਪੋਰਟ ਅਤੇ LOGISTICS ਅਥਾਰਟੀ ਦੇ ਗਠਨ ਨੂੰ ਮਨਜ਼ੂਰੀ ਦੇ ਦਿੱਤੀ ਏ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਡਾਕਟਰਾਂ ਨੂੰ ਸੇਵਾ ਅਤੇ ਦਇਆ ਦੀ ਭਾਵਨਾ ਨਾਲ ਕੰਮ ਕਰਨ ਦਾ ਸੱਦਾ ਦਿੱਤਾ ਏ।

- ਸਰਕਾਰ ਨੇ ਏਅਰ ਮਾਰਸ਼ਲ ਆਸ਼ੂਤੋਸ਼ ਦੀਕਸ਼ਿਤ ਨੂੰ ਹਵਾਈ ਫੌਜ ਦਾ ਨਵਾਂ ਮੁਖੀ ਨਿਯੁਕਤ ਕੀਤਾ ਏ।

- ਬੈਲਜੀਅਮ ਵਿੱਚ ਜਨਮੇ ਵਿਗਿਆਨੀ ਫਰਾਂਸਿਸ ਹਾਲਜ਼ੇਨ ਨੂੰ ਭੌਤਿਕ ਵਿਗਿਆਨ ਵਿੱਚ ਨੋਬਲ ਪੁਰਸਕਾਰ ਦੇਣ ਦਾ ਐਲਾਨ ਕੀਤਾ ਗਿਆ ਏ।

- ਭਾਰਤ ਤੇ ਵੈਸਟ ਇੰਡੀਜ਼ ਦਰਮਿਆਨ ਪੰਜ 20-20 ਅੰਤਰਰਾਸ਼ਟਰੀ ਕ੍ਰਿਕੇਟ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਲਖਨਊ 'ਚ ਖੇਡਿਆ ਜਾ ਰਿਹਾ ਏ |

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**